# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 29-01-2026**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਐਤਵਾਰ ਨੂੰ ਗੁਰੂ ਰਵਿਦਾਸ ਜਯੰਤੀ ਮੌਕੇ, ਜਲੰਧਰ ਦੇ ਡੇਰਾ ਸੱਚਖੰਡ ਬੱਲਾਂ ਆਉਣਗੇ।
- ਪੰਜਾਬ ਸਰਕਾਰ ਵਲੋਂ ਸ੍ਰੀ ਗੁਰੂ ਰਵਿਦਾਸ ਜੀ ਦਾ 650ਵਾਂ ਪ੍ਰਕਾਸ਼ ਪੁਰਬ ਵੱਡੇ ਪੱਧਰ □ਤੇ ਮਨਾਉਣ ਦਾ ਐਲਾਨ I
- ਪੰਜਾਬ ਵਿਚ ਸਾਡੇ ਬਜ਼ੁਰਗ ਸਾਡਾ ਮਾਣ□ ਸੂਬਾ ਪੱਧਰੀ ਮੁਹਿੰਮ ਦੀ ਸ਼ੁਰੂਆਤ-18 ਫਰਵਰੀ ਤੱਕ ਸਾਰੇ ਜ਼ਿਲ੍ਹਿਆਂ ਵਿੱਚ ਲਾਏ ਜਾਣਗੇ ਸਿਹਤ ਕੈਂਪ I
- ਪੰਜਾਬ ਪੁਲਿਸ ਨੇ ਵੱਖ-ਵੱਖ ਮਾਮਲਿਆਂ ਵਿੱਚ ਕਰੀਬ 45 ਕਿਲੋ ਹੈਰੋਇਨ ਤੇ ਇਕ IEΔ ਸਮੇਤ ਹਥਿਆਰਾਂ ਦੀ ਇੱਕ ਵੱਡੀ ਖੇਪ ਬਰਾਮਦ ਕਰਦਿਆਂ 4 ਮੁਲਜ਼ਮਾਂ ਨੂੰ ਕੀਤਾ ਗਿਰਫਤਾਰ I

- ਮਹਿਲ ਪ੍ਰੀਮੀਅਰ ਲੀਗ ਕ੍ਰਿਕੇਟ ਵਿੱਚ ਅੱਜ Ροψαλ Χηαλλενγερσ Βενγαλυρυ ਦਾ ਮੁਕਾਬਲਾ ΥΠ Ωαρριορζ ਨਾਲ ਹੋਵੇਗਾ ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਐਤਵਾਰ ਨੂੰ ਗੁਰੂ ਰਵਿਦਾਸ ਜਯੰਤੀ ਦੇ ਮੌਕੇ 'ਤੇ ਜਲੰਧਰ ਦੇ ਡੇਰਾ ਸੱਚਖੰਡ ਬੱਲਾਂ ਆਉਣਗੇ । ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਦੱਸਿਆ ਏ ਕਿ ਸ਼੍ਰੀ ਮੋਦੀ ਸਵੇਰੇ ਸੰਸਦ ਦੇ ਬਜਟ ਸਮਾਗਮ ਵਿੱਚ ਸ਼ਾਮਲ ਹੋਣ ਤੋਂ, ਬਾਅਦ ਦੁਪਹਿਰ ਡੇਰੇ ਪਹੁੰਚਣਗੇ। ਪ੍ਰਧਾਨ ਮੰਤਰੀ ਦਾ ਇਹ ਦੌਰਾ ਗੁਰੂ ਰਵਿਦਾਸ ਜਯੰਤੀ ਦੇ ਮੌਕੇ 'ਤੇ ਹੋ ਰਿਹਾ ਏ। ਪਿਛਲੇ ਕੁਝ ਸਾਲਾਂ ਤੋਂ, ਸ਼੍ਰੀ ਮੋਦੀ ਆਪਣੇ ਹਲਕੇ ਵਾਰਾਨਸੀ ਵਿੱਚ ਸਥਿਤ, ਗੁਰੂ ਰਵਿਦਾਸ ਜੀ ਦੇ ਜਨਮ ਸਥਾਨ, ਸੀਰ ਗੋਵਰਧਨ ਦੇ ਦਰਸ਼ਨ ਕਰ ਰਹੇ ਨੇ। ਡੇਰਾ ਬੱਲਾਂ ਦੇ ਮੁਖੀ ਸੰਤ ਨਿਰੰਜਨ ਦਾਸ ਨੂੰ, ਇਸ ਸਾਲ ਪਦਮ ਸ਼੍ਰੀ ਪੁਰਸਕਾਰ ਲਈ ਵੀ ਚੁਣਿਆ ਗਿਆ ਏ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਵੀ ਇਸ ਸੰਬੰਧੀ ਜਾਣਕਾਰੀ ਸੋਸ਼ਲ ਮੀਡੀਆ 'ਤੇ ਸਾਂਝੀ ਕੀਤੀ ਏ। ਮੁੱਖ ਮੰਤਰੀ ਨੇ ਪ੍ਰਧਾਨ ਮੰਤਰੀ ਨੂੰ

ਆਦਮਪੁਰ ਸਿਵਲ ਹਵਾਈ ਅੱਡੇ ਦਾ ਨਾਂ ਗੁਰੂ ਰਵਿਦਾਸ ਜੀ ਦੇ ਨਾਂ 'ਤੇ ਰੱਖਣ ਦੀ ਬੇਨਤੀ ਵੀ ਕੀਤੀ।

---------------------------------------------------------

ਪੰਜਾਬ ਸਰਕਾਰ ਸ੍ਰੀ ਗੁਰੂ ਰਵਿਦਾਸ ਜੀ ਦਾ 650ਵਾਂ ਪ੍ਰਕਾਸ਼ ਪੁਰਬ ਵੱਡੇ ਪੱਧਰ ‘ਤੇ ਮਨਾਏਗੀ। ਸਾਲ ਭਰ ਚੱਲਣ ਵਾਲੇ ਇਹ ਸਮਾਗਮ ਸੰਤਾਂ, ਮਹਾਂਪੁਰਸ਼ਾਂ ਤੇ ਧਾਰਮਿਕ ਸੰਪਰਦਾਵਾਂ ਦੀ ਅਗਵਾਈ ਵਿੱਚ ਹੋਣਗੇ। ਇਨ੍ਹਾਂ ਸਮਾਗਮਾਂ ਦਾ ਆਰੰਭ 4 ਫਰਵਰੀ ਨੂੰ ਖੁਰਾਲਗੜ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਆਰੰਭਤਾ ਨਾਲ ਹੋਵੇਗਾ । ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ ਹਰਪਾਲ ਸਿੰਘ ਚੀਮਾ ਦੀ ਪ੍ਰਧਾਨਗੀ ਵਿੱਚ ਅੱਜ ਚੰਡੀਗੜ੍ਹ ਵਿਚ ਹੋਈ ਕਮੇਟੀ ਦੀ ਪਲੇਠੀ ਮੀਟਿੰਗ ਵਿੱਚ ਮੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ, ਤਰੁਨਪ੍ਰੀਤ ਸਿੰਘ ਸੌਂਦ, ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੋੜੀ ਸਮੇਤ ਹੋਰਨਾਂ ਨੇ ਸ਼ਮੂਲੀਅਤ ਕੀਤੀ। ਮੀਟਿੰਗ ਦੌਰਾਨ ਸ੍ਰੀ ਚੀਮਾ ਨੇ ਦੱਸਿਆ ਕਿ ਪੰਜਾਬ ਸਰਕਾਰ ਪੂਰੀ ਸ਼ਰਧਾ ਤੇ ਸਤਿਕਾਰ ਨਾਲ ਸ੍ਰੀ ਗੁਰੂ ਰਵਿਦਾਸ ਜੀ ਦਾ 650ਵਾਂ ਪ੍ਰਕਾਸ਼ ਪੁਰਬ ਸਮਾਗਮ ਮਨਾਏਗੀ। ਅੱਜ ਕਮੇਟੀ ਦੇ ਸਨਮੁੱਖ

ਤਜਵੀਜਤ ਸਮਾਗਮਾਂ ਦੀ ਪੇਸ਼ਕਾਰੀ ਮਗਰੋਂ ਉਨ੍ਹਾਂ ਦੱਸਿਆ ਕਿ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਸਿੱਖਿਆ, ਯਾਤਰਾਵਾਂ ਸਬੰਧੀ ਪੰਜਾਬ  ਭਰ 'ਚ ਪਿੰਡ-ਪਿੰਡ 'ਚ ਤੱਕ ਸਮਾਗਮ ਕਰਵਾਏ ਜਾਣਗੇ। ਉਨ੍ਹਾਂ ਦੱਸਿਆ ਕਿ ਸੈਮੀਨਾਰ ਤੇ ਵਰਕਸ਼ਾਪਾਂ, ਵਿਸ਼ੇਸ਼ ਕੀਰਤਨ ਸਮਾਗਮ, ਤੀਰਥ ਯਾਤਰਾ, ਸਕੂਲ ਪੱਧਰੀ ਮੁਕਾਬਲੇ, ਡਾਕੂਮੈਂਟਰੀ ਸ਼ੋਅ, ਡਰੋਨ ਸ਼ੋਅ, ਗੁਰੂ ਜੀ ਯਾਦਗਾਰੀ ਸਿੱਕਾ ਜਾਰੀ ਕਰਨਾ, ਖ਼ੂਨਦਾਨ ਕੈਂਪ, ਪਲਾਂਟੇਸ਼ਨ ਮੁਹਿੰਮ, ਮੈਰਾਥਨ, ਸ਼ੋਭਾ ਯਾਤਰਾ, ਸਾਈਕਲ ਰੈਲੀਆਂ  ਸਮਾਗਮਾਂ ਦੀ ਤਜਵੀਜ਼ ਬਣਾਈ ਗਈ ਏ , ਜੋ ਸੰਤਾਂ, ਮਹਾਂਪੁਰਸ਼ਾਂ ਤੇ ਮਾਹਿਰਾਂ ਦੀ ਸਲਾਹ ਨਾਲ ਹੀ ਮਨਾਏ ਜਾਣਗੇ। ਇਨ੍ਹਾਂ ਸਮਾਗਮਾਂ ਦੀ ਲੜੀ ਵਿੱਚ ਮਹੀਨਾਵਾਰ ਸਮਾਗਮ ਉਲੀਕੇ ਗਏ ਹਨ।

---------------------------------------------------------------

ਪੰਜਾਬ ਸਰਕਾਰ ਵੱਲੋਂ ਬਜ਼ੁਰਗਾਂ ਦੀ ਭਲਾਈ ਲਈ ਸ਼ੁਰੂ ਕੀਤੀ ਗਈ ਆਜ਼ਮਾਇਸ਼ੀ ਮੁਹਿੰਮ "ਸਾਡੇ ਬਜ਼ੁਰਗ ਸਾਡਾ ਮਾਣ" ਦਾ ਪੂਰਾ ਸੂਬਾ ਪੱਧਰੀ ਪ੍ਰੋਗਰਾਮ ਜਾਰੀ ਕਰ ਦਿੱਤਾ ਗਿਆ ਏ। ਇਸ ਮੁਹਿੰਮ ਤਹਿਤ 18 ਫਰਵਰੀ ਤੱਕ ਸੂਬੇ ਦੇ ਸਾਰੇ ਜ਼ਿਲ੍ਹਿਆਂ ਵਿੱਚ ਵਿਸ਼ੇਸ਼ ਸਿਹਤ ਜਾਂਚ ਕੈਂਪ

ਲਗਾਏ ਜਾਣਗੇ। ਮੁਹਿੰਮ ਦੀ ਆਧਿਕਾਰਕ ਸ਼ੁਰੂਆਤ 16 ਜਨਵਰੀ ਨੂੰ ਮੋਹਾਲੀ ਵਿਖੇ ਕੀਤੀ ਗਈ ਸੀ, ਜਿਸ ਦਾ ਮਕਸਦ ਬਜ਼ੁਰਗਾਂ ਨੂੰ ਸੌਖੀ ਸਿਹਤ ਸਹੂਲਤਾਂ, ਸਮਾਜਿਕ ਸੁਰੱਖਿਆ ਅਤੇ ਸਨਮਾਨ ਮੁਹੱਈਆ ਕਰਵਾਉਣਾ ਏ । ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਬਜ਼ੁਰਗਾਂ ਬਾਰੇ ਸੂਬਾ ਕਾਰਜ ਯੋਜਨਾ ਤਹਿਤ ਵਿੱਤੀ ਸਾਲ 2025–26 ਦੌਰਾਨ 7 ਕਰੋੜ 86 ਲੱਖ ਰੁਪਏ ਖਰਚ ਕਰਕੇ ਬਜ਼ੁਰਗਾਂ ਲਈ ਸਿਹਤ ਸੇਵਾਵਾਂ, ਜਾਗਰੂਕਤਾ ਅਤੇ ਜ਼ਰੂਰੀ ਸਹੂਲਤਾਂ ਉਪਲਬਧ ਕਰਵਾਈਆਂ ਜਾਣਗੀਆਂ। ਡਾ. ਬਲਜੀਤ ਕੌਰ ਨੇ ਦੱਸਿਆ ਕਿ ਜ਼ਿਲ੍ਹਾ ਵਾਰ ਸਿਹਤ ਕੈਂਪਾਂ ਦੀ ਸ਼ੁਰੂਆਤ 2 ਫਰਵਰੀ ਨੂੰ ਸ੍ਰੀ ਮੁਕਤਸਰ ਸਾਹਿਬ ਅਤੇ ਫਾਜ਼ਿਲਕਾ ਤੋਂ ਹੋਵੇਗੀ। ਕੈਬਨਿਟ ਮੰਤਰੀ ਨੇ ਦੱਸਿਆ ਕਿ ਇਨ੍ਹਾਂ ਕੈਂਪਾਂ ਦੌਰਾਨ ਬਜ਼ੁਰਗਾਂ ਨੂੰ ਬੁਢਾਪੇ ਨਾਲ ਸਬੰਧਤ ਬੀਮਾਰੀਆਂ , ਅੱਖਾਂ ਦੀ ਜਾਂਚ ਅਤੇ ਅੱਖਾਂ ਦੇ ਮੋਤੀਆ ਦੀ ਸਰਜਰੀ ਮਾਹਿਰ ਡਾਕਟਰਾਂ ਵੱਲੋਂ ਕੀਤੀ ਜਾਵੇਗੀ। ਇਸ ਦੇ ਨਾਲ ਹੀ ਸੀਨੀਅਰ ਸਿਟੀਜ਼ਨ ਕਾਰਡ, ਬੁਢਾਪਾ ਪੈਨਸ਼ਨ ਅਤੇ ਹੋਰ ਸਮਾਜਿਕ ਸੁਰੱਖਿਆ ਯੋਜਨਾਵਾਂ ਸਬੰਧੀ ਸਹੂਲਤਾਂ ਵੀ ਇਕੋ ਥਾਂ ਉਪਲਬਧ

ਕਰਵਾਈਆਂ ਜਾਣਗੀਆਂ । ਉਨ੍ਹਾਂ ਦੱਸਿਆ ਕਿ ਅਲੀਮਕੋ ਵੱਲੋਂ ਬਜ਼ੁਰਗਾਂ ਲਈ ਵ੍ਹੀਲਚੇਅਰ ਅਤੇ ਐਨਕਾਂ ਵਰਗੇ ਸਹਾਇਕ ਉਪਕਰਣ ਮੁਫ਼ਤ ਵੰਡੇ ਜਾਣਗੇ, ਜਦਕਿ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਮਾਤਾ-ਪਿਤਾ ਅਤੇ ਸੀਨੀਅਰ ਸਿਟੀਜ਼ਨ ਮੈਨਟੀਨੈਂਸ ਐਕਟ ਸਬੰਧੀ ਕਾਨੂੰਨੀ ਜਾਗਰੂਕਤਾ ਵੀ ਦਿੱਤੀ ਜਾਵੇਗੀ ।

---------------------------------------------------------------

ਪੰਜਾਬ ਪੁਲਿਸ ਨੇ ਹਿਮਾਚਲ ਪ੍ਰਦੇਸ਼ ਦੇ ਨਾਲਾਗੜ੍ਹ ਪੁਲਿਸ ਸਟੇਸ਼ਨ ਧਮਾਕੇ ਲਈ ਜ਼ਿੰਮੇਵਾਰ ਬੱਬਰ ਖਾਲਸਾ ਇੰਟਰਨੈਸ਼ਨਲ ਦੇ ਕਾਰਕੁਨ ਹਰਵਿੰਦਰ ਰਿੰਦਾ ਵਲੋਂ ਚਲਾਏ ਜਾ ਰਹੇ ISI ਸਮਰਥਿਤ ਦਹਿਸ਼ਤਗਰਦੀ ਮਾਡਿਊਲ ਦਾ ਪਰਦਾਫਾਸ਼ ਕੀਤਾ ਏ। ਪੰਜਾਬ ਪੁਲਿਸ ਮੁਖੀ ਗੌਰਵ ਯਾਦ ਨੇ ਵੇਰਵੇ ਸਾਂਝੇ ਕਰਦਿਆਂ ਦਸਿਆ ਕਿ ਇਹ ਕਾਰਵਾਈ ਹਿਮਾਚਲ ਪੁਲਿਸ ਅਤੇ ਕੇਂਦਰੀ ਏਜੰਸੀਆਂ ਦੇ ਨਜ਼ਦੀਕੀ ਤਾਲਮੇਲ ਵਿੱਚ ਕੀਤੀ ਗਈ ਏ। ਪੁਲਿਸ ਟੀਮਾਂ ਨੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਇੱਕ ਆਈਈਡੀ ਵੀ ਬਰਾਮਦ ਕੀਤੀ ਏ। ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਦਿਆਂ ਇੱਕ IED ਬਰਾਮਦ ਕੀਤਾ ਗਿਆ ਏ। ਉਨ੍ਹਾਂ ਦਸਿਆ। BYTE:RNU290126

------------------------------------------------------------

ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਪਿੰਡ ਰਖਿਆ ਕਮੇਟੀ ਦੇ ਸਹਿਯੋਗ ਨਾਲ ਕਰੀਬ 43 ਕਿਲੋਗ੍ਰਾਮ ਹੈਰੋਇਨ, ਚਾਰ ਹੱਥ ਗੋਲੇ ਅਤੇ ਇੱਕ ਪਿਸਤੌਲ ਸਮੇਤ 46 ਅਣਚਲੇ ਕਾਰਤੂਸ ਬਰਾਮਦ ਕਰਕੇ ਸਰਹੱਦ ਪਾਰੋਂ ਨਾਰਕੋ-ਦਹਿਸ਼ਤਗਰਦੀ ਨੈੱਟਵਰਕ ਦਾ ਪਰਦਾਫਾਸ਼ ਕੀਤਾ ਏ।

ਪੰਜਾਬ ਪੁਲਿਸ ਪੁਲਿਸ ਮੁਖੀ ਗੌਰਵ ਯਾਦਵ ਨੇ ਦੱਸਿਆ ਕਿ ਇਸ ਮਾਮਲੇ ਵਿਚ ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਰਾਜਾਸਾਂਸੀ ਅਧੀਨ ਪੈਂਦੇ ਪਿੰਡ ਓਠੀਆਂ ਤੋਂ ਬਰਾਮਦ ਕੀਤੇ ਗਏ ਨਸ਼ੀਲੇ ਪਦਾਰਥ, ਹਥਿਆਰ ਅਤੇ ਧਮਾਕਾਖੇਜ਼ ਸਮੱਗਰੀ ਕੌਮਾਂਤਰੀ ਸਰਹੱਦ ਪਾਰੋਂ ਡਰੋਨ ਰਾਹੀਂ ਭੇਜੀ ਗਈ ਸੀ। ਇਸ ਆਪਰੇਸ਼ਨ ਬਾਰੇ ਜਾਣਕਾਰੀ ਦਿੰਦਿਆਂ ਬਾਰਡਰ ਰੇਂਜ ਦੇ ਡੀ.ਆਈ.ਜੀ ਸੰਦੀਪ ਗੋਇਲ ਨੇ ਦੱਸਿਆ BYTE:

ਪੂਰੇ ਨੈੱਟਵਰਕ ਦਾ ਪਰਦਾਫਾਸ਼ ਕਰਨ ਲਈ ਅਗਲੇਰੀ ਜਾਂਚ ਜਾਰੀ ਏ।

------------------------------------------------------------

ਉਧਰ ਕਾਊਂਟਰ ਇੰਟੈਲੀਜੈਂਸ (ਸੀਆਈ) ਫਰੀਦਕੋਟ ਨੇ ਸੀਮਾ ਸੁਰੱਖਿਆ ਬਲ (ਬੀਐਸਐਫ) ਨਾਲ ਮਿਲ ਕੇ ਫਾਜ਼ਿਲਕਾ ਜ਼ਿਲ੍ਹੇ ਦੇ ਪਿੰਡ ਤੇਜਾ ਰੁਹੇਲਾ ਵਿਖੇ ਬੀਐਸਐਫ ਦੀ ਬਾਰਡਰ ਆਉਟ ਪੋਸਟ (ਬੀਓਪੀ) ਜੀਜੀ-3 'ਤੇ ਸਰਹੱਦ ਪਾਰੋਂ ਹੋ ਰਹੀ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਦੀ ਵੱਡੀ ਤਸਕਰੀ ਦੀ ਕੋਸ਼ਿਸ਼ ਨੂੰ ਨਾਕਾਮ ਕਰ ਦਿੱਤੈ. ਇਸ ਸਾਂਝੀ ਕਾਰਵਾਈ ਦੌਰਾਨ ਸੁਰੱਖਿਆ ਏਜੰਸੀਆਂ ਨੇ 2.1 ਕਿਲੋਗ੍ਰਾਮ ਹੈਰੋਇਨ, 21 ਅਤਿ-ਆਧੁਨਿਕ ਪਿਸਤੌਲ, ਵੱਡੀ ਮਾਤਰਾ 'ਚ ਮੈਗਜ਼ੀਨਾਂ ਅਤੇ 310 ਜਿੰਦਾ ਕਾਰਤੂਸ ਬਰਾਮਦ ਕੀਤੇ ਨੇ. ਫਾਜ਼ਿਲਕਾ ਚ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਏਆਈਜੀ ਸੀਆਈ ਗੁਰਸੇਵਕ ਸਿੰਘ ਬਰਾੜ ਨੇ ਦੱਸਿਆ ਕਿ ਭਰੋਸੇਯੋਗ ਸੂਚਨਾ ਦੇ ਆਧਾਰ 'ਤੇ ਬੀਐਸਐਫ ਫਾਜ਼ਿਲਕਾ ਨਾਲ ਮਿਲ ਕੇ ਇਹ ਵਿਸ਼ੇਸ਼ ਆਪ੍ਰੇਸ਼ਨ ਚਲਾਇਆ ਗਿਆ ਸੀ। ਉਨ੍ਹਾਂ ਕਿਹਾ ਕਿ ਮਾਮਲੇ ਨਾਲ ਜੁੜੇ  ਤਸਕਰਾਂ ਦੀ ਪਛਾਣ ਕਰਕੇ ਪੂਰੇ ਨੈੱਟਵਰਕ ਨੂੰ ਬੇਨਕਾਬ ਕਰਨ ਲਈ ਅਗਲੀ ਜਾਂਚ ਜਾਰੀ ਏ .

--------------------------------------------------

ਪੰਜਾਬ ਦੇ ਕਰ ਵਿਭਾਗ ਵੱਲੋਂ 28 ਜਨਵਰੀ ਨੂੰ ਸਟੇਟ ਇੰਟੈਲੀਜੈਂਸ ਐਂਡ ਪ੍ਰੀਵੈਂਟਿਵ ਯੂਨਿਟਾਂ  ਦੇ ਸਾਰੇ ਵਿੰਗਾਂ ਰਾਹੀਂ ਇੱਕ ਵਿਸ਼ੇਸ਼ ਸੂਬਾ ਪੱਧਰੀ ਇਨਫੋਰਸਮੈਂਟ ਮੁਹਿੰਮ ਚਲਾਈ ਗਈ। ਇਹ ਕਾਰਵਾਈ ਜੀ.ਐਸ.ਟੀ ਦੀ ਸਖ਼ਤੀ ਨਾਲ ਪਾਲਣਾ ਅਤੇ ਸਰਕਾਰੀ ਮਾਲੀਏ ਦੀ ਸੁਰੱਖਿਆ ਪ੍ਰਤੀ ਪੰਜਾਬ ਦੇ ਆਬਕਾਰੀ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਸੂਬੇ ਭਰ ਵਿੱਚ ਵਿਆਪਕ ਜਾਂਚ ਲਈ 141 ਵਾਹਨਾਂ ਨੂੰ ਜ਼ਬਤ ਕੀਤਾ ਗਿਆ ਏ। ਇਹਨਾਂ ਵਿੱਚੋਂ ਜ਼ਿਆਦਾਤਰ ਵਾਹਨ ਲੋਹੇ ਅਤੇ ਸਟੀਲ ਵਪਾਰ ਦੇ ਪ੍ਰਮੁੱਖ ਕੇਂਦਰ ਮੰਡੀ ਗੋਬਿੰਦਗੜ੍ਹ ਅਤੇ ਲੁਧਿਆਣਾ ਵਿੱਚ ਰੋਕੇ ਗਏ ਹਨ। ਮੁੱਢਲੀ ਜਾਂਚ ਤੋਂ ਪਤਾ ਚੱਲਦਾ ਏ ਕਿ ਜ਼ਿਆਦਾਤਰ ਵਾਹਨਾਂ ਵਿੱਚ ਲੋਹੇ ਅਤੇ ਸਟੀਲ ਦੇ ਸਾਮਾਨ ਦੀ ਢੋਆ-ਢੁਆਈ ਕੀਤਾ ਜਾ ਰਹੀ ਸੀ, ਜਿਨ੍ਹਾਂ ‘ਤੇ ਬਿਨਾਂ ਚਲਾਨ ਢੋਆ-ਢੁਆਈ, ਜੀਐਸਟੀ ਨਿਯਮਾਂ ਦੀ ਦੁਰਵਰਤੋਂ ਅਤੇ ਗਲ਼ਤ ਈ-ਵੇਅ ਬਿੱਲਾਂ ਰਾਹੀਂ ਕਰ ਚੋਰੀ ਦਾ ਸ਼ੱਕ ਏ। ਕੈਬਨਿਟ ਮੰਤਰੀ ਨੇ ਕਿਹਾ ਕਿ ਇਹ ਮੁਹਿੰਮ ਜਨਵਰੀ 2026 ਵਿੱਚ ਸ਼ੁਰੂ ਕੀਤੀ ਇਨਫੋਰਸਮੈਂਟ ਮੁਹਿੰਮ 'ਤੇ ਅਧਾਰਤ ਏ  ਜਿਸ ਤਹਿਤ

ਭਰੋਸੇਯੋਗ ਖੁਫੀਆ ਜਾਣਕਾਰੀ ਦੇ ਆਧਾਰ 'ਤੇ ਉੱਚ-ਜੋਖਮ ਵਾਲੇ ਲੋਹੇ ਅਤੇ ਸਟੀਲ ਦੇ ਖੇਤਰ ਨੂੰ ਨਿਸ਼ਾਨਾ ਬਣਾਇਆ ਗਿਆ ਏ।

-----------------------------------------------------------

ਭਾਰਤੀ ਜਨਤਾ ਪਾਰਟੀ ਦੇ ਕੌਂਸਲਰ ਸੌਰਭ ਜੋਸ਼ੀ ਚੰਡੀਗੜ੍ਹ ਦੇ ਮੇਅਰ ਚੁਣੇ ਗਏ ਨੇ। ਚੰਡੀਗੜ੍ਹ ਨਗਰ ਨਿਗਮ ਲਈ ਮੇਅਰ, ਸੀਨੀਅਰ ਡਿਪਟੀ ਮੇਅਰ ਅਤੇ ਡਿਪਟੀ ਮੇਅਰ ਦੇ ਅਹੁਦਿਆਂ ਲਈ ਵੋਟਿੰਗ ਸਵੇਰੇ 11 ਵਜੇ ਸ਼ੁਰੂ ਹੋਈ। BJP ਨੇ ਸੌਰਭ ਜੋਸ਼ੀ ਨੂੰ, ਕਾਂਗਰਸ ਨੇ ਗੁਰਪ੍ਰੀਤ ਸਿੰਘ ਗੱਬੀ ਨੂੰ ਅਤੇ ਆਮ ਆਦਮੀ ਪਾਰਟੀ ਨੇ ਯੋਗੇਸ਼ ਢੀਂਗਰਾ ਨੂੰ ਮੈਦਾਨ ਵਿੱਚ ਉਤਾਰਿਆ। ਕਾਂਗਰਸ ਦੇ ਉਮੀਦਵਾਰ ਗੁਰਪ੍ਰੀਤ ਸਿੰਘ ਗੱਬੀ ਨੂੰ 7 ਅਤੇ ਆਮ ਆਦਮੀ ਪਾਰਟੀ ਦੇ ਯੋਗੇਸ਼ ਢੀਂਗਰਾ ਨੂੰ 11 ਵੋਟਾਂ ਮਿਲੀਆਂ। BJP ਦੇ ਜਸਮਨ-ਪ੍ਰੀਤ ਸਿੰਘ ਨੂੰ 18 ਵੋਟਾਂ ਨਾਲ ਸੀਨੀਅਰ ਡਿਪਟੀ ਮੇਅਰ ਚੁਣਿਆ ਗਿਆ। BJP ਕੌਂਸਲਰ ਸੁਮਨ ਸ਼ਰਮਾ ਨੂੰ 18 ਵੋਟਾਂ ਨਾਲ ਚੰਡੀਗੜ੍ਹ ਦਾ ਡਿਪਟੀ ਮੇਅਰ ਚੁਣਿਆ ਗਿਆ ਏ, ਜਿਸ ਨਾਲ ਪਾਰਟੀ ਨੇ ਤਿੰਨੋਂ ਮੁੱਖ ਅਹੁਦਿਆਂ - ਮੇਅਰ, ਸੀਨੀਅਰ ਡਿਪਟੀ ਮੇਅਰ ਅਤੇ ਡਿਪਟੀ ਮੇਅਰ - 'ਤੇ ਜਿੱਤ ਹਾਸਿਲ ਕਰ ਲਈ ਏ.

---

ਮਹਿਲ ਪ੍ਰੀਮੀਅਰ ਲੀਗ ਕ੍ਰਿਕੇਟ ਵਿੱਚ ਅੱਜ Royal Challengers Bengaluru ਦਾ ਮੁਕਾਬਲਾ UP Warriorz ਨਾਲ ਹੋਵੇਗਾ।

ਇਹ ਮੈਚ ਸ਼ਾਮੀਂ ਸਾਢੇ 7 ਵਜੇ ਵਡੋਦਰਾ ਵਿੱਚ, ਖੇਡਿਆ ਜਾਵੇਗਾ ।

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਐਤਵਾਰ ਨੂੰ ਗੁਰੂ ਰਵਿਦਾਸ ਜਯੰਤੀ ਮੌਕੇ, ਜਲੰਧਰ ਦੇ ਡੇਰਾ ਸੱਚਖੰਡ ਬੱਲਾਂ ਆਉਣਗੇ ।
- ਪੰਜਾਬ ਸਰਕਾਰ ਵਲੋਂ ਸ੍ਰੀ ਗੁਰੂ ਰਵਿਦਾਸ ਜੀ ਦਾ 650ਵਾਂ ਪ੍ਰਕਾਸ਼ ਪੁਰਬ ਵੱਡੇ ਪੱਧਰ □ਤੇ ਮਨਾਉਣ ਦਾ ਐਲਾਨ I
- ਪੰਜਾਬ ਵਿਚ ਸਾਡੇ ਬਜ਼ੁਰਗ ਸਾਡਾ ਮਾਣ□ ਸੂਬਾ ਪੱਧਰੀ ਮੁਹਿੰਮ ਦੀ ਸ਼ੁਰੂਆਤ-18 ਫਰਵਰੀ ਤੱਕ ਸਾਰੇ ਜ਼ਿਲ੍ਹਿਆਂ ਵਿੱਚ ਲਾਏ ਜਾਣਗੇ ਸਿਹਤ ਕੈਂਪ I
- ਪੰਜਾਬ ਪੁਲਿਸ ਨੇ ਵੱਖ-ਵੱਖ ਮਾਮਲਿਆਂ ਵਿੱਚ ਕਰੀਬ 45 ਕਿਲੋ ਹੈਰੋਇਨ ਤੇ ਇਕ IEΔ ਸਮੇਤ ਹਥਿਆਰਾਂ ਦੀ ਇੱਕ ਵੱਡੀ ਖੇਪ ਬਰਾਮਦ ਕਰਦਿਆਂ 4 ਮੁਲਜ਼ਮਾਂ ਨੂੰ ਕੀਤਾ ਗਿਰਫਤਾਰ I
- ਅਤੇ

- ਮਹਿਲ ਪ੍ਰੀਮੀਅਰ ਲੀਗ ਕ੍ਰਿਕੇਟ ਵਿੱਚ ਅੱਜ Ροψαλ Χηαλλενγερσ Βενγαλυρυ ਦਾ ਮੁਕਾਬਲਾ ΥΠ Ωαρριορζ ਨਾਲ ਹੋਵੇਗਾ ।

ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !